ਕਿਸਾਨਾਂ ਨੂੰ ਪਰਾਲੀ ਨਾ ਸਾੜਨ ਬਾਰੇ ਜਾਣਕਾਰੀ ਦੇਣ ਮੌਕੇ ਖੜ੍ਹਾ ਸਿਹਤ ਵਿਭਾਗ ਦਾ ਅਮਲਾ। ਤਸਵੀਰ: ਲਛਮਣ ਦਾਸ ਗਰਗ

ਆਸ਼ਾ ਵਰਕਰਾਂ ਨੂੰ ਪਰਾਲੀ ਸਾੜਨ ਦੇ ਸਿਹਤ 'ਤੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ

ਗੋਨਿਆਨਾ, 28 ਅਕਤੂਬਰ (ਲਛਮਣ ਦਾਸ ਗਰਗ)-ਡਾ: ਹਰਬੰਸ ਸਿੰਘ ਸਿੱਧੂ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡਾ: ਹਰਜਸਪਾਲ ਸ਼ਰਮਾ ਖੇਤੀਬਾੜੀ ਅਫ਼ਸਰ ਬਲਾਕ ਬਠਿੰਡਾ ਦੀ ਅਗਵਾਈ ਹੇਠ ਅਤੇ ਡਾ: ਧੀਰਾ ਗੁਪਤਾ ਸੀਨੀਅਰ ਮੈਡੀਕਲ ਅਫ਼ਸਰ ਦੇ ਸਹਿਯੋਗ ਨਾਲ ਸਿਵਲ ਹਸਪਤਾਲ ਗੋਨਿਆਨਾ ਮੰਡੀ ਵਿਖੇ ਆਸ਼ਾ ਵਰਕਰਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ। ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਗੋਨਿਆਨਾ ਦੇ ਅਧਿਕਾਰੀਆਂ ਵਲੋਂ ਪਰਾਲੀ ਨਾ ਸਾੜਨ ਸਬੰਧੀ ਚਲਾਈ ਜਾ ਰਹੀ ਮੁਹਿਮ ਲਈ ਆਸ਼ਾ ਵਰਕਰਾਂ ਨੂੰ ਜਾਗਰੂਕ ਕੀਤਾ ਤਾਂ ਜੋ ਘਰ-ਘਰ ਇਹ ਸੁਨੇਹਾ ਪਹੁੰਚਾਇਆ ਜਾ ਸਕੇ ਕਿ ਪਰਾਲੀ ਨੂੰ ਸਾੜੇ ਬਗੈਰ ਕਣਕ ਦੀ ਬਿਜਾਈ ਕੀਤੀ ਜਾਵੇ। ਆਸ਼ਾ ਵਰਕਰਾਂ ਦੀ ਇਹ ਟਰੇਨਿੰਗ ਸਰਕਾਰੀ ਹਸਪਤਾਲ ਗੋਨਿਆਨਾ ਵਿਖੇ ਰੱਖੀ ਗਈ ਜਿਸ ਵਿੱਚ ਸਿਹਤ ਵਿਭਾਗ ਦੇ ਅਧਿਕਾਰੀ ਮਹੇਸ਼ ਸ਼ਰਮਾ ਵਲੋਂ ਝੋਨੇ ਦੀ ਪਰਾਲੀ ਨੂੰ ਸਾੜਨ ਕਾਰਨ ਮਨੁੱਖੀ ਸਿਹਤ 'ਤੇ ਪੈਂਦੇ ਮਾਰੂ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਟਰੇਨਿੰਗ ਵਿਚ ਡਾ. ਹਰਜਸ਼ਪਾਲ ਸ਼ਰਮਾ ਖੇਤੀਬਾੜੀ ਅਫ਼ਸਰ ਬਲਾਕ ਬਠਿੰਡਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਜ਼ਮੀਨ ਵਿਚ ਮਿਲਾ ਕੇ ਖਾਦ ਦੇ ਤੌਰ ਤੇ ਵਰਤਿਆ ਜਾ ਸਕਦਾ ਹੈ। ਡਾ. ਸਰਬਜੀਤ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਗੋਨਿਆਨਾ ਨੇ ਆਸ਼ਾ ਵਰਕਰਾਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੇ ਘਰ-ਘਰ ਜਾ ਕੇ ਪਰਾਲੀ ਸਾੜਨ ਕਾਰਨ ਸਿਹਤ ਉੱਤੇ ਪੈਂਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਕਿਸਾਨ ਪਰਾਲੀ ਨੂੰ ਅੱਗ ਨਾ ਲਗਾਉਣ।

ਥਾਣਾ ਸਦਰ ਰਾਮਪੁਰਾ ਵਿਖੇ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ। ਤਸਵੀਰ: ਹੇਮੰਤ ਸ਼ਰਮਾ

ਦੋ ਦਿਨਾਂ ਗੁਰਮਤਿ ਸਮਾਗਮ ਭਲਕੇ ਤੋਂ

ਬੁਢਲਾਡਾ, 28 ਅਕਤੂਬਰ (ਰਾਹੀ)- ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ , ਭਾਈ ਸਤੀ ਦਾਸ ਅਤੇ ਭਾਈ ਦਿਆਲਾ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 2 ਦਿਨਾਂ ਗੁਰਮਤਿ ਸਮਾਗਮ 30 ਅਤੇ 31 ਅਕਤੂਬਰ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਿੰਸੀਪਲ ਡਾ: ਨਰਿੰਦਰ ਸਿੰਘ ਨੇ ਦੱਸਿਆ ਕਿ ਦੋਵੇਂ ਦਿਨ ਰੋਜ਼ਾਨਾ ਸਵੇਰੇ 10 ਤੋਂ 3 ਵਜੇ ਤੱਕ ਹੋਣ ਵਾਲੇ ਸਮਾਗਮਾਂ ਦੌਰਾਨ 30 ਅਕਤੂਬਰ ਸਵੇਰੇ 10 ਤੋਂ 11:30 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਦੇ ਪਾਠ, 11:30 ਵਜੇ ਤੋਂ 3 ਵਜੇ ਤੱਕ ਭਾਈ ਬਲਦੇਵ ਸਿੰਘ ਲੌਂਗੋਵਾਲ ਵਾਲਿਆਂ ਦੇ ਜਥੇ ਵਲੋਂ ਢਾਡੀ ਵਾਰਾਂ, ਭਾਈ ਸੰਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਲੋਂ ਸ਼ਬਦ ਕੀਰਤਨ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਲੋਂ ਕਥਾ-ਵਿਚਾਰ ਹੋਣਗੇ।

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦਾ ਵਫਦ ਥਾਣਾ ਮੁਖੀ ਸਦਰ ਰਾਮਪੁਰਾ ਨੂੰ ਮਿਲਿਆ

ਰਾਮਪੁਰਾ ਫੂਲ, 28 ਅਕਤੂਬਰ (ਹੇਮੰਤ ਕੁਮਾਰ ਸ਼ਰਮਾ)-ਅੱਜ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦਾ ਇਕ ਵਫ਼ਦ ਸੂਬਾ ਪ੍ਰੈਸ ਸਕੱਤਰ ਅਵਤਾਰ ਸਿੰਘਾ ਮਹਿਮਾ ਦੀ ਅਗਵਾਈ ਵਿਚ ਥਾਣਾ ਸਦਰ ਰਾਮਪੁਰਾ ਦੇ ਮੁਖੀ ਨੂੰ ਮਿਲਿਆ, ਜਿਸ ਵਿਚ ਜਥੇਬੰਦੀ ਦੇ ਪ੍ਰਧਾਨ ਨਛੱਤਰ ਸਿੰਘ ਹਮੀਰਗੜ੍ਹ, ਗੁਰਦਿੱਤ ਸਿੰਘ ਗੁੰਮਟੀ ਕਲਾਂ, ਜ਼ਿਲ੍ਹਾ ਮਲੇਰਕੋਟਲਾ ਦੇ ਪ੍ਰਧਾਨ ਰਣਜੀਤ ਸਿੰਘ ਗਰੇਵਾਲ ਅਤੇ ਕਿਸਾਨ ਸਟੂਡੈਂਟ ਯੂਨੀਅਨ ਦੇ ਕਨਵੀਨਰ ਜਗਰੂਪ ਸਿੰਘ ਭੁੱਲਰ ਵੀ ਸ਼ਾਮਲ ਹੋਏ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਲਗਭਗ 40 ਦਿਨ ਪਹਿਲਾਂ ਕਿਸਾਨ ਆਗੂ ਜਗਸੀਰ ਸਿੰਘ ਪਿੱਥੋ ਤੇ ਕੁਝ ਗੁੰਡੇ ਅਨਸਰਾਂ ਵਲੋਂ ਹਮਲਾ ਕਰਕੇ ਗੰਭੀਰ ਜ਼ਖ਼ਮੀ ਕੀਤਾ ਗਿਆ ਸੀ। ਜਿਸ ਸਬੰਧੀ ਪੁਲਿਸ ਵਲੋਂ ਹਾਲੇ ਤੱਕ ਲੋੜੀਂਦੀ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਅੱਜ ਥਾਣਾ ਸਦਰ ਰਾਮਪੁਰਾ ਦੇ ਮੁਖੀ ਨੂੰ ਮਿਲ ਕੇ ਮੰਗ ਕੀਤੀ ਗਈ ਕਿ ਇਸ ਹਮਲੇ 'ਚ ਦੋਸ਼ੀ ਵਿਅਕਤੀਆਂ ਤੇ ਤੁਰੰਤ ਕਾਰਵਾਈ ਕਰਕੇ ਪੀੜ੍ਹਤ ਨੂੰ ਇਨਸਾਫ਼ ਦਿੱਤਾ ਜਾਵੇ। ਕਿਸਾਨ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਲਈ ਮੌਕੇ ਥਾਣਾ ਮੁੱਖੀ ਵਲੋਂ ਕੱਲ੍ਹ ਤੱਕ ਡਾਕਟਰ ਦੀ ਰਾਇ ਲੈ ਕੇ ਕਾਰਵਾਈ ਅਮਲ ਵਿਚ ਲਿਆਉਣ ਦਾ ਭਰੋਸਾ ਦਿਵਾਇਆ ਗਿਆ ਹੈ। ਇਸ ਮੌਕੇ ਸੁਖਦੇਵ ਸਿੰਘ ਢਿਪਾਲੀ, ਰਾਮ ਸਿੰਘ ਕਲਿਆਣ, ਮੋਹਨ ਲਾਲ ਭਗਤਾ, ਮੱਖਣ ਸਿੰਘ ਗੁੰਮਟੀ ਕਲਾਂ, ਜਗਸੀਰ ਸਿੰਘ ਪਿੱਥੋ, ਜਗਪ੍ਰੀਤ ਸਿੰਘ ਪਿੱਥੋ, ਰਣਜੀਤ ਸਿੰਘ, ਸੁਦਾਗਰ ਸਿੰਘ ,ਸ਼ਿੰਦਰ ਸਿੰਘ ਸਿਰੀਏਵਾਲਾ ਆਦਿ ਸਮੇਤ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਨੈਤਿਕ ਭਾਰਦਵਾਜ
ਪਿਤਾ - ਸੌਰਭ ਭਾਰਦਵਾਜ
ਮਾਤਾ - ਮਮਤਾ ਰਾਣੀ
ਵਾਸੀ - ਮੂਣਕ (ਜ਼ਿਲ੍ਹਾ ਸੰਗਰੂਰ)

ਗੁਰਭੇਜ ਸਿੰਘ ਧਾਲੀਵਾਲ
ਪਿਤਾ - ਅਜੀਤਪਾਲ ਸਿੰਘ
ਮਾਤਾ - ਕਰਮਜੀਤ ਕੌਰ
ਵਾਸੀ - ਫਤਿਹਗੜ੍ਹ ਪੰਜਗਰਾਈਆ (ਸੰਗਰੂਰ)

ਸਰਕਾਰੀ ਹਸਪਤਾਲਾਂ ਵਿਚ ਡੈਪੂਟੇਸ਼ਨ 'ਤੇ ਡਾਕਟਰਾਂ ਦੀ ਨਿਯੁਕਤੀ ਸਿਰਫ਼ ਖ਼ਾਨਾਪੂਰਤੀ ਹੈ-ਮਹੇਸ਼ ਬਿੰਦਲ

ਰਾਮਾਂ ਮੰਡੀ, 28 ਅਕਤੂਬਰ (ਤਰਸੇਮ ਸਿੰਗਲਾ)-ਪੰਜਾਬ ਸਰਕਾਰ ਵਲੋਂ ਦਿੱਲੀ ਦੀ ਤਰਜ਼ 'ਤੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਦਾਅਵੇ ਅਤੇ ਵਾਅਦੇ ਮਿੱਟੀ ਵਿਚ ਮਿਲਦੇ ਜਾ ਰਹੇ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਰਾਮਾਂ ਵਪਾਰ ਮੰਡਲ ਦੇ ਪ੍ਰਧਾਨ ਮਹੇਸ਼ ਬਿੰਦਲ ਨੇ ਕਿਹਾ ਕਿ ਪੰਜਾਬ ਵਿਚ ਸਰਕਾਰ ਵਲੋਂ ਵੱਖ-ਵੱਖ ਸਰਕਾਰੀ ਹਸਪਤਾਲਾਂ ਵਿਚ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਡੈਪੂਟੇਸ਼ਨ ਤੇ ਹਫ਼ਤੇ ਵਿਚ ਇਕ ਦੋ ਦਿਨ ਲਈ ਨਿਯੁੱਕਤੀ, ਜਿੱਥੇ ਸਿਰਫ਼ ਇਕ ਸਰਕਾਰੀ ਖ਼ਾਨਾਪੂਰਤੀ ਸਾਬਿਤ ਹੋ ਰਹੀ ਹੈ, ਉਥੇ ਮਰੀਜ਼ਾਂ ਲਈ ਸਹੂਲਤ ਦੀ ਬਜਾਏ ਬਿਮਾਰੀ ਵਧਾਉਣ ਦਾ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਡੈਪੂਟੇਸ਼ਨ 'ਤੇ ਨਿਯੁੱਕਤੀ ਵਾਲੇ ਡਾਕਟਰ ਨਾ ਤਾਂ ਗੰਭੀਰ ਮਰੀਜ਼ਾਂ ਨੂੰ ਲਗਾਤਾਰ ਚੈੱਕ ਕਰ ਸਕਦੇ ਹਨ ਅਤੇ ਨਾ ਹੀ ਹਸਪਤਾਲ ਵਿਚ ਦਾਖ਼ਲ ਕਰਕੇ ਇਲਾਜ ਕਰ ਸਕਦੇ ਹਨ ਬਲਕਿ ਡਾਕਟਰ ਨੂੰ ਉਡੀਕਦੇ ਉਡੀਕਦੇ ਮਰੀਜ਼ਾਂ ਦੀ ਹਾਲਤ ਵਿਗੜ ਜਾਂਦੀ ਹੈ। ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿਚ ਡਾਕਟਰਾਂ ਦੀਆਂ ਖਾਲੀ ਪਈਆਂ ਪੋਸਟਾਂ ਭਰਨ ਦੀ ਬਜਾਏ ਸਰਕਾਰ 10 ਲੱਖ ਰੁਪਏ ਦੇ ਖਰਚ ਤੱਕ ਦੇ ਲੋਕਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਦੇਣ ਲਈ ਹੈਲਥ ਕਾਰਡ ਬਣਾਉਣ ਦੇ ਬਿਆਨ ਦੇ ਰਹੀ ਹੈ। ਜਦੋਂਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਸਰਕਾਰੀ ਹਸਪਤਾਲ ਚਿੱਟੇ ਹਾਥੀ ਬਣਦੇ ਜਾ ਰਹੇ ਹਨ। ਜਿਸ ਦੇ ਕਥਿਤ ਸਬੂਤ ਵਜੋਂ ਸੂਬੇ ਦਾ ਇਕ ਵੀ ਮਰੀਜ਼ ਸਰਕਾਰੀ ਹਸਪਤਾਲ ਦੇ ਇਲਾਜ ਤੋਂ ਸੰਤੁਸ਼ਟ ਨਹੀਂ ਹੈ ਅਤੇ ਮਰੀਜ਼ਾਂ ਵਲੋਂ ਪ੍ਰਾਈਵੇਟ ਹਸਪਤਾਲਾਂ ਵਿਚ ਇਲਾਜ ਨੂੰ ਪਹਿਲ ਦੇਣ ਦਾ ਵੀ ਇਹ ਇਕ ਵੱਡਾ ਕਾਰਨ ਹੈ। ਸ਼੍ਰੀ ਬਿੰਦਲ ਨੇ ਕਿਹਾ ਕਿ ਮਰੀਜ਼ ਦੀ ਹਾਲਤ ਉਸ ਸਮੇਂ ਹੋਰ ਵੀ ਵਿਗੜ ਜਾਂਦੀ ਹੈ, ਜਦੋਂ ਵੱਡੇ ਹਸਪਤਾਲਾਂ ਵਿਚ ਮਰੀਜ਼ਾਂ ਦੇ ਅਪ੍ਰੇਸ਼ਨ ਕਰਕੇ ਛੁੱਟੀ ਦੇਣ ਤੋਂ ਬਾਅਦ ਕਸਬਿਆਂ ਵਿਚ ਮਰੀਜ਼ ਦੀ ਘਰ ਵਿਚ ਪੱਟੀ ਤੱਕ ਕਰਨ ਲਈ ਸਰਕਾਰੀ ਹਸਪਤਾਲਾਂ ਦਾ ਕੋਈ ਮੁਲਾਜ਼ਮ ਘਰ ਨਹੀਂ ਜਾਂਦਾ, ਜਿਸ ਕਾਰਨ ਅਪ੍ਰੇਸ਼ਨ ਵਾਲੇ ਮਰੀਜ਼ਾਂ ਦੀ ਵੀ ਘਰ ਵਿਚ ਹਾਲਤ ਵਿਗੜ ਰਹੀ ਹੈ। ਸ਼੍ਰੀ ਬਿੰਦਲ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਰਕਾਰੀ ਹਸਪਤਾਲਾਂ ਵਿਚ ਸੁਧਾਰ ਕੀਤਾ ਜਾਵੇ, ਡਾਕਟਰਾਂ ਦੀਆਂ ਖਾਲੀ ਪਈਆਂ ਪੋਸਟਾਂ ਭਰੀਆਂ ਜਾਣ, ਅਪ੍ਰੇਸ਼ਨ ਵਾਲੇ ਮਰੀਜ਼ਾਂ ਨੂੰ ਘਰ ਵਿਚ ਲੋੜੀਂਦਾ ਇਲਾਜ ਮੁਹੱਈਆ ਕਰਵਾਉਣ ਲਈ ਸਰਕਾਰੀ ਹਸਪਤਾਲਾਂ ਵਲੋਂ ਪਹਿਲ ਦਿੱਤੀ ਜਾਵੇ।

ਮਹੇਸ਼ ਬਿੰਦਲ

ਗਹਿਰੀ ਦੇਵੀ ਨਗਰ ਸਕੂਲ ਦੇ ਵਿਦਿਆਰਥੀਆਂ ਨੂੰ ਖੇਡ ਕਿੱਟਾਂ ਵੰਡਣ ਉਪਰੰਤ ਲੈਕਚਰਾਰ ਰਘਬੀਰ ਸਿੰਘ ਭੀਖੀ, ਸਰਪੰਚ ਬਲਜੀਤ ਸਿੰਘ ਅਤੇ ਸਕੂਲ ਸਟਾਫ਼। ਅਜੀਤ ਤਸਵੀਰ

ਸਰਕਾਰੀ ਸਕੂਲ ਗਹਿਰੀ ਦੇਵੀ ਨਗਰ 'ਚ ਵੰਡੀਆਂ 'ਖੇਡ ਕਿੱਟਾਂ'

ਬਠਿੰਡਾ, 28 ਅਕਤੂਬਰ (ਵਲ੍ਹਾਣ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਦੇਵੀ ਨਗਰ (ਬਠਿੰਡਾ) ਵਿਚ ਇਕ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਵਿਚ ਵਿਦਿਆਰਥੀਆਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ। ਇਹ ਖੇਡ ਕਿੱਟਾਂ ਲੈਕਚਰਾਰ ਰਘਬੀਰ ਸਿੰਘ ਭੀਖੀ ਵਲੋਂ ਆਪਣੀ ਕਿਰਤ ਕਮਾਈ ਵਿਚੋਂ ਭੇਂਟ ਕੀਤੀਆਂ ਗਈਆਂ ਹਨ। ਇਸ ਮੌਕੇ ਪਿੰਡ ਦੇ ਸਰਪੰਚ ਬਲਜੀਤ ਸਿੰਘ ਗਿਆਨੀ ਅਤੇ ਰਘਬੀਰ ਸਿੰਘ ਭੀਖੀ ਨੇ ਖੇਡ ਕਿੱਟਾਂ ਦੀ ਵੰਡ ਕਰਨ ਉਪਰੰਤ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਨੂੰ ਖੇਡਾਂ ਵਿਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਟੁੱਟ ਅੰਗ ਹਨ, ਇਹ ਸਾਨੂੰ ਅਨੁਸ਼ਾਸਨ, ਆਪਸੀ ਸਾਂਝ ਅਤੇ ਹੌਸਲੇ ਦੀ ਭਾਵਨਾ ਸਿਖਾਉਂਦਿਆਂ ਹਨ। ਇਸ ਕਰਕੇ ਸਾਰੇ ਵਿਦਿਆਰਥੀ ਖੇਡ ਮੈਦਾਨ ਨਾਲ ਜੁੜ ਕੇ ਆਪਣਾ, ਆਪਣੇ ਮਾਪਿਆਂ ਅਤੇ ਆਪਣੇ ਸਕੂਲ ਦਾ ਨਾਮ ਰੌਸ਼ਨ ਕਰਨ। ਸਕੂਲ ਪ੍ਰਿੰਸੀਪਲ ਸ੍ਰੀਮਤੀ ਲਵਲੀਨ ਕੌਰ ਨੇ ਰਘਬੀਰ ਸਿੰਘ ਭੀਖੀ ਲੈਕਚਰਾਰ ਸਰੀਰਿਕ ਸਿੱਖਿਆ ਅਤੇ ਸ੍ਰੀਮਤੀ ਹਰਚਰਨਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵੱਲ ਮੋੜਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕ ਹਾਜ਼ਰ ਰਹੇ। ਵਿਦਿਆਰਥੀਆਂ ਨੇ ਖੇਡਾਂ ਪ੍ਰਤੀ ਆਪਣੀ ਦਿਲਚਸਪੀ ਜ਼ਾਹਿਰ ਕਰਦਿਆਂ ਖੇਡ ਮੈਦਾਨ ਨਾਲ ਜੁੜਨ ਅਤੇ ਮਿਹਨਤ ਕਰਨ ਦਾ ਵਿਸ਼ਵਾਸ ਪ੍ਰਗਟਾਇਆ ਹੈ।

ਭਾਰਤੀ ਕਿਸਾਨ ਯੂਨੀਅਨ ਇਕਾਈ ਖੇਮੂਆਣਾ ਦੀ ਹੋਈ ਮੀਟਿੰਗ

ਗੋਨਿਆਨਾ, 28 ਅਕਤੂਬਰ (ਲਛਮਣ ਦਾਸ ਗਰਗ)-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਪਿੰਡ ਇਕਾਈ ਖੇਮੂਆਣਾ ਦੇ ਵਰਕਰਾਂ ਵਲੋਂ ਲੋਕਲ ਗੁਰਦੁਆਰਾ ਪਿੰਡ ਖੇਮੂਆਣਾ ਵਿਖੇ ਸੁਰਜੀਤ ਸਿੰਘ ਇਕਾਈ ਪ੍ਰਧਾਨ ਦੀ ਅਗਵਾਈ ਵਿਚ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਉਕਤ ਨੇ ਕਿਹਾ ਕੇ ਪਿੰਡ ਜੀਦਾ ਤੋਂ ਪਿੰਡ ਖੇਮੂਆਣਾ ਨੂੰ ਸੜਕ ਆਉਂਦੀ ਹੈ ਉਸ ਦੀ ਹਾਲਤ ਪਿਛਲੇ ਲਮੇ ਸਮੇਂ ਤੋਂ ਬਹੁਤ ਜ਼ਿਆਦਾ ਖ਼ਰਾਬ ਹੈ ਅਤੇ ਕੁਝ ਮਹੀਨੇ ਪਹਿਲਾਂ ਇਸ ਸੜਕ ਨੂੰ ਬਨਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਪਰ ਸੜਕ ਉਪਰ ਸਿਰਫ਼ ਪੱਥਰ ਪਾ ਕੇ ਛੱਡ ਦਿੱਤਾ ਗਿਆ ਹੈ। ਉਸ ਤੋਂ ਬਾਅਦ ਸੜਕ ਦਾ ਕੰਮ ਅੱਧ ਵਿਚਕਾਰ ਹੀ ਛੱਡ ਦਿੱਤਾ ਗਿਆ ਹੈ, ਜਿਸ ਨਾਲ ਰਾਹਗੀਰਾਂ ਨੂੰ ਹੋਰ ਵੀ ਜ਼ਿਆਦਾ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਅਸੀਂ ਇਸ ਮਸਲੇ ਨੂੰ ਕਈ ਵਾਰ ਹਲਕਾ ਵਿਧਾਇਕ ਦੇ ਧਿਆਨ ਵਿਚ ਲਿਆ ਚੁੱਕੇ ਹਾਂ, ਪਰ ਉਨ੍ਹਾਂ ਵਲੋਂ ਵੀ ਇਸ ਮਸਲੇ ਨੂੰ ਗੰਭੀਰਤਾ ਨਾਲ ਹੱਲ ਨਹੀਂ ਕੀਤਾ ਗਿਆ, ਜੇਕਰ ਜਲਦੀ ਹੀ ਸਰਕਾਰ ਵਲੋਂ ਇਸ ਸੜਕ ਦੇ ਨਿਰਮਾਣ ਕਾਰਜ ਨੂੰ ਪੂਰਾ ਨਾ ਕੀਤਾ ਗਿਆ ਤਾਂ ਜਥੇਬੰਦੀ ਵਲੋਂ ਸੰਘਰਸ਼ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਦੇ ਅਨੁਸਾਰ ਪਿੰਡ ਖੇਮੂਆਣਾ ਜ਼ਿਲ੍ਹਾ ਬਠਿੰਡਾ ਵਿਖੇ ਸੰਯੁਕਤ ਕਿਸਾਨ ਸਕੀਮ ਅਧੀਨ ਅਵਤਾਰ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਖੇਮੂਆਣਾ ਜ਼ਿਲ੍ਹਾ ਬਠਿੰਡਾ ਨੂੰ ਗੱਠਾਂ ਬਨਾਉਣ ਵਾਲੀ ਮਸ਼ੀਨ ਦਿੱਤੀ ਗਈ ਦਿਖਾਈ ਗਈ ਹੈ, ਇਹ ਮੈਂ ਅੱਜ ਤੱਕ ਨਾ ਤਾਂ ਸਾਡੇ ਪਿੰਡ ਆਈ ਹੈ ਅਤੇ ਨਾ ਹੀ ਇਸ ਨੇ ਕੋਈ ਗੱਠ ਬਣਾਈ ਹੈ, ਜਿਸ ਕਰਕੇ ਪਿੰਡ ਖੇਮੂਆਣਾ ਦੇ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਲਈ ਮਜ਼ਬੂਰ ਹਨ। ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕੇ ਸਾਡੇ ਪਿੰਡ ਦੇ ਨਾਮ 'ਤੇ ਬੋਲ ਰਹੀ ਇਸ ਮਸ਼ੀਨ ਬਾਰੇ ਪੜ੍ਹਤਾਲ ਕਰਕੇ ਸਾਨੂੰ ਗੱਠਾਂ ਬਨਾਉਣ ਵਾਲੀ ਮਸ਼ੀਨ ਮੁਹੱਈਆ ਕਰਵਾਈ ਜਾਵੇ, ਨਹੀਂ ਤਾਂ ਸਾਨੂੰ ਮਜ਼ਬੂਰੀ ਵੱਸ ਪਰਾ